**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈਸਿ) ਪੰਜਾਬ ਕੰਪਲੈਕਸ**

ਪੰਜਾਬ ਸਕੂਲ ਸਿੱਖਿਆ ਬੋਰਡ, ਫੇਜ-8, ਸਅਸ ਨਗਰ

(ਸਪੋਰਟਸ ਸਾਖਾ)

ਵੱਲ

ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈਸਿ), ਪੰਜਾਬ,
ਸਮੂਹ ਜਿਲ੍ਹਾ ਸਿੱਖਿਆ ਅਫਸਰ (ਐ.ਸਿ.), ਪੰਜਾਬ,
ਸਮੂਹ ਸਕੂਲ ਮੁੱਖੀ, ਸਰਕਾਰੀ ਸਕੂਲ ਪੰਜਾਬ,
ਸਮੂਹ ਬੀ.ਪੀ.ਈ.ਓ., ਪੰਜਾਬ।

ਈ ਫਾਈਲ ਨੰ: 197322
ਮਿਤੀ 15-06-2022

ਵਿਸਾ : ਅੰਤਰ-ਰਾਸਟਰੀ ਯੋਗ ਦਿਵਸ ਮਨਾਉਣ ਸਬੰਧੀ।

ਉਪਰੋਕਤ ਵਿਸੇ ਦੇ ਸਬੰਧ ਵਿਚ ਦੱਸਿਆ ਜਾਂਦਾ ਹੈ ਕਿ ਹਰ ਸਾਲ ਅੰਤਰ-ਰਾਸਟਰੀ ਪੱਧਰ ਤੇ ਯੋਗ ਦਿਵਸ ਮਿਤੀ 21 ਜੂਨ ਨੂੰ ਮਨਾਇਆ ਜਾਂਦਾ ਹੈ ਜਿਸ ਵਿੱਚ ਪੰਜਾਬ ਰਾਜ ਦੇ ਸਮੂਹ ਸਰਕਾਰੀ ਸਕੂਲ ਭਾਗ ਲੈਂਦੇ ਹਨ। ਪਿਛਲੇ 02 ਸਾਲਾਂ ਦੌਰਾਨ ਕੋਵਿਡ-19 ਮਹਮਾਰੀ ਦਾ ਪ੍ਰਕੋਪ ਹੋਣ ਕਾਰਨ ਇਹ ਪ੍ਰੋਗਰਾਮ ਰਾਜ ਦੇ ਸਰਕਾਰੀ ਸਕੂਲਾਂ ਵਿੱਚ ਆਨਲਾਈਨ ਮਨਾਇਆ ਗਿਆ ਸੀ। ਕਿਉਂਜੋ ਹੁਣ ਸਕੂਲ ਪੂਰੀ ਤਰ੍ਹਾਂ ਖੁਲ ਚੁੱਕੇ ਹਨ, ਇਸ ਲਈ ਸਮੂਹ ਸਕੂਲ ਮੁੱਖੀਆਂ ਨੂੰ ਲਿਖਿਆ ਜਾਂਦਾ ਹੈ ਕਿ ਉਹ ਆਪਣੇ ਸਕੂਲਾਂ ਵਿੱਚ ਅੰਤਰ ਰਾਸਟਰੀ ਯੋਗ ਦਿਵਸ ਦੇ ਮੌਕੇ ਤੇ ਕੋਵਿਡ-19 ਦੀਆਂ ਹਦਾਇਤਾਂ ਦਾ ਪਾਲਣ ਕਰਦੇ ਹੋਏ ਯੋਗ ਦਿਵਸ ਮਨਾਉਣਾ ਯਕੀਨੀ ਬਨਾਉਣਗੇ।

ਸਮੂਹ ਜਿਲ੍ਹਾ ਸਿੱਖਿਆ ਅਫਸਰਾਂ ਨੂੰ ਲਿਖਿਆ ਜਾਂਦਾ ਹੈ ਕਿ ਉਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

ਡਿਪਟੀ ਡਾਇਰੈਕਟਰ (ਫਿਜੀਕਲ ਐਜੂਕੇਸ਼ਨ)

ਪਿੱਠ ਅੰਕਣ ਨੰ: ਉਕਤ ਮਿਤੀ 15-06-2022

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:

1. ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
2. ਡਾਇਰੈਕਟਰ ਸਿੱਖਿਆ ਵਿਭਾਗ (ਸੈਸਿ) ਪੰਜਾਬ।

ਡਿਪਟੀ ਡਾਇਰੈਕਟਰ (ਫਿਜੀਕਲ ਐਜੂਕੇਸ਼ਨ)